# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ ਸਿ), ਪੰਜਾਬ

ਹੁਕਮ ਨੰ: (5315) 21/301-14 ਅਮਲਾ-1(8) (ਕੋ:ਸੈ:4)
ਮਿਤੀ: 28-11-2014

ਸ੍ਰੀਮਤੀ ਰਮਿੰਦਰ ਕੌਰ, ਲੈਕਚਰਾਰ ਅੰਗਰੇਜ਼ੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਗ ਕਲਾਂ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਤੈਨਾਤ ਹਨ, ਦੀ ਰਿਟਾਇਰਮੈਂਟ ਮਿਤੀ 31-01-2015 ਨੂੰ ਹੈ/ਸੀ। ਪੰਜਾਬ ਸਰਕਾਰ ਦੇ ਪੱਤਰ ਨੰ: 22/2/2012-3 ਐਫ.ਪੀ. 2/475-480 ਮਿਤੀ 8-10-2012 ਦੇ ਸੰਨਮੁੱਖ ਸੇਵਾਕਾਲ ਵਿਚ ਮਿਤੀ 01-02-2015 ਤੋਂ ਮਿਤੀ 31-01-2016 ਤੱਕ ਇਕ ਸਾਲ ਦਾ ਵਾਧਾ ਹੇਠ ਲਿਖੀਆਂ ਸ਼ਰਤਾਂ ਤਹਿਤ ਕੀਤਾ ਜਾਂਦਾ ਹੈ:-

1) ਵਧੇ ਹੋਏ ਸੇਵਾਕਾਲ ਦੌਰਾਨ ਸਬੰਧਤ ਕਰਮਚਾਰੀ ਦੀ ਤਨਖਾਹ ਆਦਿ ਲਈ, ਸਰਕਾਰ ਦੀ ਨੋਟੀਫਿਕੇਸਨ ਨੰ: 22/2/2012-3 ਐਫ.ਪੀ.2/475-80 ਮਿਤੀ 8-10-12 ਅਨੁਸਾਰ ਪੰਜਾਬ ਸਿਵਲ ਸਰਵਿਸਜ (ਪਹਿਲੀ ਸੋਧ) ਰੂਲਜ ਵਾਲਿਊਮ-1, ਪਾਰਟ-1, 2012 ਲਾਗੂ ਹੋਵੇਗੀ, ਜਿਸ ਅਨੁਸਾਰ ਰੂਲ 3.26 ਦੀ ਕਲਾਜ (ਏ) ਅਤੇ (ਬੀ) ਸੋਧੀ ਗਈ ਹੈ।

2) ਪੰਜਾਬ ਸਰਕਾਰ ਵਿੱਤ ਵਿਭਾਗ (ਵਿੱਤ ਪਰਸੋਨਲ 2 ਸ਼ਾਖਾ) ਦੇ ਪੱਤਰ ਨੰ: 22/2/2012-3 ਐਫ.ਪੀ2/159 ਮਿਤੀ 30-10-2014 ਦੇ ਹਵਾਲੇ ਵਿੱਚ ਇਸ ਕਰਮਚਾਰੀ ਵਿਰੁੱਧ ਕੋਈ ਵਿਭਾਗੀ ਕੇਸ/ਇਨਕੁਆਰੀ/ਕਰੀਮਨਲ ਕੇਸ ਜਾਂ ਵਿਜੀਲੈਂਸ ਕੇਸ ਪੈਂਡਿੰਗ ਹੋਣ ਦੀ ਸੂਰਤ ਵਿੱਚ ਇਹ ਵਾਧਾ ਲਾਗੂ ਨਹੀਂ ਹੋਵੇਗਾ।

3) ਵਧੇ ਹੋਏ ਸੇਵਾ ਕਾਲ ਦੌਰਾਨ ਪੱਦ ਉਨਤੀ ਦੀ ਅਸਾਮੀ ਉਪਲਬੱਧ ਹੋਣ ਦੀ ਸੂਰਤ ਵਿਚ ਸਬੰਧਤ ਕਰਮਚਾਰੀ ਨਿਯਮਾਂ ਅਨੁਸਾਰ ਅਜਿਹੀ ਅਸਾਮੀ ਦੇ ਵਿਰੁੱਧ ਪੱਦ ਉਨਤੀ ਲਈ ਵਿਚਾਰੇ ਜਾਣ ਦਾ ਪਾਤਰ ਹੋਵੇਗਾ ਅਤੇ ਪੱਦ ਉਨਤ ਹੋਣ ਦੀ ਸੂਰਤ ਵਿਚ ਉਸਦੀ ਤਨਖਾਹ ਸਬੰਧਤ ਨਿਯਮਾਂ ਅਨੁਸਾਰ ਪੱਦ ਉਨਤੀ ਦਾ ਲਾਭ ਦਿੰਦੇ ਹੋਏ, ਨਿਸ਼ਚਿਤ ਕੀਤੀ ਜਾਵੇਗੀ।

4) ਸਬੰਧਤ ਕਰਮਚਾਰੀ ਨੂੰ ਸੇਵਾ ਨਵਿਰਤੀ ਉਪਰੰਤ ਮਿਲਣ ਯੋਗ ਸਾਰੇ ਪੈਨਸ਼ਨਰੀ ਲਾਭ ਉਸਦੇ ਸੇਵਾਕਾਲ ਵਿਚ ਕੀਤੇ ਵਾਧੇ ਦੀ ਸਮਾਪਤੀ ਹੋਣ ਉਪਰੰਤ ਹੀ ਮਿਲਣ ਯੋਗ ਹੋਣਗੇ।

5) ਇਕ ਵਾਰ ਦਿੱਤੀ ਆਪਸ਼ਨ ਅੰਤਿਮ ਮੰਨੀ ਜਾਵੇਗੀ ਅਤੇ ਇਸ ਵਿਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਹੋਵੇਗੀ।

6) ਜੇਕਰ ਕਰਮਚਾਰੀ ਦੀ ਪੈਨਸ਼ਨ ਮਹਾਂਲੇਖਾਕਾਰ ਪੰਜਾਬ ਤੋਂ ਪ੍ਰਵਾਨਗੀ ਉਪਰੰਤ ਆਪ ਦੇ ਅਧੀਨ ਦਫਤਰ ਵਿਖੇ ਪ੍ਰਾਪਤ ਹੋ ਗਈ ਹੋਵੇ ਤਾਂ ਪੈਨਸ਼ਨਰੀ ਲਾਭਾਂ ਦੀ ਅਦਾਇਗੀ ਤੁਰੰਤ ਰੋਕ ਦਿੱਤੀ ਜਾਵੇ।

7) ਕਰਮਚਾਰੀ ਉਕਤ ਦੱਸੀਆਂ ਹਦਾਇਤਾਂ ਅਤੇ ਸਰਕਾਰ ਵਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ/ਹੋਵੇਗੀ।

8) ਜੇਕਰ ਕਿਸੇ ਵੇਲੇ ਵੀ ਕੋਈ ਤੱਥ ਗਲਤ ਪਾਇਆ ਗਿਆ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਜ਼ਿਲ੍ਹਾ ਸਿਖਿਆ ਅਫਸਰ (ਸੈ:ਸਿ:) ਅਤੇ ਸਕੂਲ ਮੁੱਖੀ ਦੀ ਹੋਵੇਗੀ।

ਡਾ. ਕਮਲ ਕੁਮਾਰ
ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.) ਪੰਜਾਬ।

ਪਿੱਠ ਅੰਕਣ ਨੰ: ਉਕਤ 1863-1865 ਮਿਤੀ:- 05-12-2014

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਅੰਮ੍ਰਿਤਸਰ ਨੂੰ ਉਨਾਂ ਦੇ ਪੱਤਰ ਨੰ: ਅ-1/2014/20964-65 ਮਿਤੀ 04.11.2014 ਦੇ ਹਵਾਲੇ ਵਿਚ।
2. ਮੁੱਖ ਅਧਿਆਪਕ/ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਗ ਕਲਾਂ ਜ਼ਿਲ੍ਹਾ ਅੰਮ੍ਰਿਤਸਰ।
3. ਸ੍ਰੀਮਤੀ ਰਮਿੰਦਰ ਕੌਰ, ਲੈਕਚਰਾਰ ਅੰਗਰੇਜ਼ੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਗ ਕਲਾਂ ਜ਼ਿਲ੍ਹਾ ਅੰਮ੍ਰਿਤਸਰ।

5.12-14

ਸੁਪਰਡੰਟ ਕੋਆਰਡੀਨੇਸ਼ਨ ਸੈਲ